**ਦਫਤਰ ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ.) ਪੰਜਾਬ, ਐਸ.ਏ.ਐਸ.ਨਗਰ**

ਹੁਕਮ ਨੰ: 5/318-2009 ਦਅ(6) ਕੋ:ਸੈਲ:4
ਮਿਤੀ, ਐਸ.ਏ.ਐਸ.ਨਗਰ :- 11.08.2016

ਸ਼੍ਰੀਮਤੀ ਰਾਜੇਸ਼, ਐਸ.ਐਲ.ਏ, ਸਸਸ ਮੇਹਟਾਂ,ਜ਼ਿਲ੍ਹਾ ਕਪੂਰਥਲਾ ਜੋ ਕਿ ਮਿਤੀ 30.12.2007 ਤੋਂ ਸਰਕਾਰੀ ਡਿਊਟੀ ਤੋਂ ਲਗਾਤਾਰ ਅਣ-ਅਧਿਕਾਰਤ ਤੌਰ ਤੇ ਗੈਰ ਹਾਜਰ ਚੱਲੀ ਆ ਰਹੀ ਹੈ, ਨੂੰ ਵਿਭਾਗ ਵੱਲੋਂ ਹੁਕਮ ਨੰ: 5/318-2009ਦਅ(6) ਮਿਤੀ 14.12.09/21.10.10 ਰਾਹੀਂ ਪੰਜਾਬ ਸਿਵਲ ਸੇਵਾਵਾਂ ਸਜ਼ਾ ਅਤੇ ਅਪੀਲ ਨਿਯਮਾਂਵਲੀ 1970 ਦੀ ਧਾਰਾ 8 ਦੇ ਨਿਯਮ 5(v-ix) ਤਹਿਤ ਦੋਸ਼ ਸੂਚੀ ਜਾਰੀ ਕੀਤੀ ਗਈ। ਦੋਸ਼ ਸੂਚੀ ਕਰਮਚਾਰਨ ਦੇ ਘਰ ਦੇ ਪਤੇ ਤੇ ਭੇਜੀ ਗਈ ਜੋ ਕਿ ਇਨ੍ਹਾਂ ਰਿਮਾਰਕਸ ਨਾਲ ਵਾਪਿਸ ਪ੍ਰਾਪਤ ਹੋਈ ਕਿ ਅਡਰੈਸੀ ਹਿੰਦੁਸਤਾਨ ਛੱਡ ਗਿਆ ਹੈ। ਇਸ ਉਪਰੰਤ ਕਰਮਚਾਰਨ ਨੂੰ ਪੰਜਾਬ ਦੇ ਦੋ ਉੱਘੇ ਅਖਬਾਰਾਂ ਵਿੱਚ ਪਬਲਿਕ ਨੋਟਿਸ ਦੇ ਕੇ 15 ਦਿਨਾਂ ਦੇ ਅੰਦਰ-ਅੰਦਰ ਦਫਤਰ ਤੋਂ ਦੋਸ਼ ਸੂਚੀ ਪ੍ਰਾਪਤ ਕਰਕੇ ਇੱਕ ਮਹੀਨ ਦੇ ਅੰਦਰ-ਅੰਦਰ ਜਵਾਬ ਦੇਣ ਲਈ ਲਿਖਿਆ ਗਿਆ। ਇਹ ਵੀ ਲਿਖਿਆ ਗਿਆ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਸਮਝ ਲਿਆ ਜਾਵੇਗਾ ਕਿ ਉਹ ਆਪਣੇ ਪੱਖ ਵਿੱਚ ਕੁਝ ਨਹੀਂ ਕਹਿਣਾ ਚਾਹੁੰਦੀ ਅਤੇ ਉਸ ਦੇ ਕੇਸ ਦਾ ਫੈਸਲਾ ਗੁਣਾ/ਦੋਸ਼ਾਂ ਦੇ ਅਧਾਰ ਤੇ ਕਰ ਦਿੱਤਾ ਜਾਵੇਗਾ।

ਸ਼੍ਰੀਮਤੀ ਰਾਜੇਸ਼, ਐਸ.ਐਲ.ਏ, ਸਸਸ ਮੇਹਟਾਂ,ਜ਼ਿਲ੍ਹਾ ਕਪੂਰਥਲਾ ਵੱਲੋਂ ਦੋਸ਼ ਸੂਚੀ ਦਾ ਉਤਰ ਪ੍ਰਾਪਤ ਨਾ ਹੋਣ ਕਾਰਨ, ਉਸ ਵਿਰੁੱਧ ਦੋਸ਼ ਸੂਚੀ ਵਿਚ ਲਗਾਏ ਗਏ ਦੋਸ਼ਾਂ ਦੀ ਸਚਾਈ ਜਾਨਣ ਲਈ ਵਿਭਾਗ ਦੇ ਹੁਕਮ ਨੰ: 5/318-09 ਦਅ(6) ਮਿਤੀ 10.11.15/17.11.15 ਰਾਹੀਂ ਜਿਲ੍ਹਾ ਸਿੱਖਿਆ ਅਫਸਰ(ਐਸਿ) ਕਪੂਰਥਲਾ ਨੂੰ ਪੜਤਾਲੀਆ ਅਫਸਰ ਨਿਯੁਕਤ ਕੀਤਾ ਗਿਆ। ਪੜਤਾਲੀਆ ਅਫਸਰ ਵੱਲੋਂ ਕਰਮਚਾਰਨ ਵਿਰੁੱਧ ਮਿਤੀ 30.12.2007 ਤੋਂ ਆਪਣੀ ਸਰਕਾਰੀ ਡਿਊਟੀ ਤੋਂ ਅਣਅਧਿਕਾਰਤ ਤੌਰ ਤੇ ਗੈਰ ਹਾਜਰ ਰਹਿਣ ਦਾ ਦੋਸ਼ ਸਿੱਧ ਕੀਤਾ ਗਿਆ। ਇਸ ਉਪਰੰਤ ਕਰਮਚਾਰਨ ਨੂੰ ਮਿਤੀ 20.05.16 ਅਤੇ 05.08.16 ਨੂੰ ਇਸ ਦਫਤਰ ਵਿਖੇ ਪੇਸ਼ ਹੋ ਕੇ ਆਪਣਾ ਪੱਖ ਪੇਸ਼ ਕਰਨ ਲਈ ਦੋ ਵਾਰ ਨਿਜੀ ਸੁਣਵਾਈ ਦਾ ਮੌਕਾ ਦਿੱਤਾ ਗਿਆ ਪਰੰਤੂ ਕਰਮਚਾਰਨ ਦਫਤਰ ਵਿੱਚ ਹਾਜਰ ਨਹੀਂ ਹੋਈ ਅਤੇ ਨਾ ਹੀ ਇਸ ਸਬੰਧੀ ਕੋਈ ਸੂਚਨਾ/ਜਵਾਬ ਭੇਜਿਆ। ਜਿਸ ਤੋਂ ਇਹ ਸਪਸ਼ਟ ਹੁੰਦਾ ਹੈ ਕਿ ਕਰਮਚਾਰਨ ਸਰਕਾਰੀ ਨੌਕਰੀ ਵਿੱਚ ਚਾਲੂ ਰਹਿਣ ਦੀ ਦਿਲਚਸਪੀ ਨਹੀਂ ਰੱਖਦੀ।

ਮੈਂ ਬਲਬੀਰ ਸਿੰਘ, ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:) ਪੰਜਾਬ, ਐਸ.ਏ.ਐਸ.ਨਗਰ ਸਮਰੱਥ ਅਧਿਕਾਰੀ ਹੋਣ ਦੇ ਨਾਤੇ ਸ਼੍ਰੀਮਤੀ ਰਾਜੇਸ਼, ਐਸ.ਐਲ.ਏ, ਸਸਸ ਮੇਹਟਾਂ,ਜ਼ਿਲ੍ਹਾ ਕਪੂਰਥਲਾ ਦੇ ਮਿਤੀ 30.12.2007 ਤੋਂ ਹੁਣ ਤੱਕ ਅਣਅਧਿਕਾਰਤ ਤੌਰ ਤੇ ਸਰਕਾਰੀ ਡਿਊਟੀ ਤੋਂ ਗੈਰਹਾਜਰ ਰਹਿਣ ਦੇ ਦੋਸ਼ ਕਾਰਨ ਪੰਜਾਬ ਸਿਵਲ ਸੇਵਾਵਾਂ (ਸਜਾ ਅਤੇ ਅਪੀਲ) ਨਿਯਮਾਵਲੀ 1970 ਦੇ ਨਿਯਮ 5 (VIII) ਅਧੀਨ ਇਸ ਦੀਆਂ ਸੇਵਾਵਾਂ ਤਤਕਾਲ ਸਮੇਂ ਤੋ ਖਤਮ ਕਰਦਾ ਹਾਂ।

ਬਲਬੀਰ ਸਿੰਘ
ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ:), ਪੰਜਾਬ

ਪਿਠ ਅੰਕਣ ਨੰ: ਉਕਤ 13207-10 ਮਿਤੀ, ਐਸ.ਏ.ਐਸ.ਨਗਰ :- 31.8.16

ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ:-

1. ਮੰਡਲ ਸਿੱਖਿਆ ਅਫਸਰ, ਜਲੰਧਰ।
2. (ਰਜਿ) ਜਿਲਾ ਸਿੱਖਿਆ ਅਫਸਰ (ਸੈ:ਸਿ), ਕਪੂਰਥਲਾ ਨੂੰ ਕਰਮਚਾਰਨ ਦੀ ਸੇਵਾਪੱਤੀ ਭੇਜ ਕੇ ਲਿਖਿਆ ਜਾਂਦਾ ਹੈ ਕਿ ਕਰਮਚਾਰਨ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਸੇਵਾਵਾ ਖਤਮ ਕਰਨ ਸਬੰਧੀ ਇੰਦਰਾਜ ਯਕੀਨੀ ਬਣਾਇਆ ਜਾਵੇ ਅਤੇ ਕਾਪੀ ਇਸ ਦਫਤਰ ਨੂੰ ਉਪਲਬੱਧ ਕਰਵਾਈ ਜਾਵੇ। ਇਸ ਪੱਤਰ ਦੀ ਪਹੁੰਚ ਰਸੀਦ ਭੇਜੀ ਜਾਵੇ।
3. ਪ੍ਰਿੰਸੀਪਲ/ਮੁੱਖਅਧਿਆਪਕ, ਸਸਸ ਮੇਹਟਾਂ,ਜ਼ਿਲ੍ਹਾ ਕਪੂਰਥਲਾ ਨੂੰ ਭੇਜ ਕੇ ਲਿਖਿਆ ਜਾਂਦਾ ਹੈ ਕਿ ਕਰਮਚਾਰਨ ਦੀ ਸੇਵਾਪੱਤਰੀ ਵਿਚ ਲਾਲ ਸਿਆਹੀ ਨਾਲ ਇੰਦਰਾਜ ਕੀਤਾ ਜਾਵੇ। ਇਹ ਹੁਕਮ ਕਰਮਚਾਰਨ ਦੇ ਮੌਜੂਦਾ ਘਰ ਦੇ ਪੱਤੇ ਤੇ ਵੀ ਰਜਿਸਟਰਡ ਡਾਕ ਰਾਂਹੀ ਭੇਜੇ ਜਾਣ।
4. ਸ਼੍ਰੀਮਤੀ ਰਾਜੇਸ਼, ਐਸ.ਐਲ.ਏ, ਸਸਸ ਮੇਹਟਾਂ,ਜ਼ਿਲ੍ਹਾ ਕਪੂਰਥਲਾ।

ਨੱਥੀ: ਸੇਵਾਪੱਤਰੀ(ਅਸਲ)

ਸੁਪਰਡੰਟ ਕੋਆਰਡੀਨੇਸ਼ਨ ਸੈਲ